# ਨੀਦਰਲੈਂਡ ਦੇ ਪ੍ਰਧਾਨ ਮੰਤਰੀ ਨਾਲ ਪ੍ਰਧਾਨ ਮੰਤਰੀ ਦੀ ਮੁਲਾਕਾਤ

ਸਤੰਬਰ 10, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਨੀਦਰਲੈਂਡ ਦੇ ਪ੍ਰਧਾਨ ਮੰਤਰੀ ਐਚ.ਈ. ਸ਼੍ਰੀ ਮਾਰਕ ਰੁਟੇ, ਨਾਲ 10 ਸਤੰਬਰ 2023 ਨੂੰ ਨਵੀਂ ਦਿੱਲੀ ਵਿੱਚ ਜੀ-20 ਸਿਖਰ ਸੰਮੇਲਨ ਦੌਰਾਨ ਨਾਲ ਦੁਵੱਲੀ ਮੀਟਿੰਗ ਕੀਤੀ।

ਪ੍ਰਧਾਨ ਮੰਤਰੀ ਰੁਟੇ ਨੇ ਭਾਰਤ ਦੀ ਜੀ-20 ਪ੍ਰੈਜ਼ੀਡੈਂਸੀ ਅਤੇ ਸਿਖਰ ਸੰਮੇਲਨ ਦੀ ਸਫਲਤਾ ਲਈ ਪ੍ਰਧਾਨ ਮੰਤਰੀ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਚੰਦਰਯਾਨ ਮਿਸ਼ਨ ਦੀ ਸਫਲਤਾ 'ਤੇ ਭਾਰਤ ਨੂੰ ਵਧਾਈ ਦਿੱਤੀ ਅਤੇ ਚੰਦਰਮਾ 'ਤੇ ਆਦਿਤਿਆ ਮਿਸ਼ਨ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਦੋਵਾਂ ਨੇਤਾਵਾਂ ਨੇ ਵਪਾਰ ਅਤੇ ਨਿਵੇਸ਼, ਰੱਖਿਆ ਅਤੇ ਸੁਰੱਖਿਆ, ਸਵੱਛ ਊਰਜਾ ਅਤੇ ਗ੍ਰੀਨ ਹਾਈਡ੍ਰੋਜਨ, ਸੈਮੀਕੰਡਕਟਰ, ਸਾਈਬਰ ਅਤੇ ਡਿਜੀਟਲ ਤਕਨਾਲੋਜੀ ਵਿੱਚ ਸਹਿਯੋਗ ਸਮੇਤ ਆਪਣੀ ਦੁਵੱਲੀ ਭਾਈਵਾਲੀ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ।

ਵਿਚਾਰ-ਵਟਾਂਦਰੇ ਵਿੱਚ ਆਪਸੀ ਹਿੱਤਾਂ ਦੇ ਖੇਤਰੀ ਅਤੇ ਗਲੋਬਲ ਮੁੱਦਿਆਂ ਨੂੰ ਵੀ ਸ਼ਾਮਲ ਕੀਤਾ ਗਿਆ।

**ਨਵੀਂ ਦਿੱਲੀ**
**ਸਤੰਬਰ 10, 2023**